੦੪੮

ਬਾਣੀ ਗੁਰੂ ਗੁਰੂ ਹੈ ਬਾਣੀ ਵਿਚਿ ਬਾਣੀ ਅੰਮ੍ਰਿਤੁ ਸਾਰੇ

(ਸੰਪਾਦਕ: ਅਨੰਤ ਪ੍ਰਵਾਹ ਟ੍ਰਸਟ ਯੂ.ਕੇ.)

ਨਿਰੰਕਾਰੀ ਜੋਤਿ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੁਆਰਾ ਸਥਾਪਤ ਸਿੱਖ ਧਰਮ, ਜਿਸਦੇ ਰੂਪ ਨੂੰ ਬਾਕੀ ਨੌਂ ਗੁਰੂ ਸਾਹਿਬਾਨ ਨੇ ਸਾਜਿਆ, ਸੰਵਾਰਿਆ ਤੇ ਨਿਖਾਰਿਆ ਅਤੇ ਆਖਰੀ ਛੋਹਾਂ ਬਖਸ਼ੀਆਂ। ਸਿੱਖ ਧਰਮ ਸੰਸਾਰ ਦਾ ਸਰਬ-ਸ੍ਰੇਸ਼ਟ, ਆਧੁਨਿਕ ਅਤੇ ਵਿਗਿਆਨਕ ਧਰਮ ਹੈ ਜੋ ਕਿ ਘੋਰ ਅਗਿਆਨਤਾ ਤੇ ਅੰਧਕਾਰ ਵਿੱਚ ਉਲਝੇ ਹੋਏ, ਭਰਮ ਭੁਲੇਖਿਆਂ ਵਿੱਚ ਭਟਕ ਰਹੇ ਅਤੇ ਪਾਪਾਂ ਕੁਕਰਮਾਂ ਦੀ ਅਗਨੀ ਵਿੱਚ ਝੁਲਸ ਰਹੇ ਸਰਬੱਤ ਸੰਸਾਰ ਦੇ ਪ੍ਰਾਣੀਆਂ ਨੂੰ ਸ਼ਾਂਤ ਕਰਨ ਅਤੇ ਸੇਧ ਦੇਣ ਦੇ ਸਮਰੱਥ ਹੈ। ਸਾਡੇ ਪਾਸ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰੂਪ ਵਿੱਚ ਧੁਰ ਕੀ ਤੇ ਇਲਾਹੀ ਬਾਣੀ ਦਾ ਉਹ ਸੁਚੱਜਾ ਪਾਵਨ ਸੰਗ੍ਰਹਿ ਮੌਜੂਦ ਹੈ। ਜਿਸਦੀ ਸ਼ਰਨ ਵਿੱਚ ਆਇਆਂ ਅਤੇ ਦੈਵੀ ਉਪਦੇਸ਼ ਧਾਰਨ ਕੀਤਿਆਂ ਮਨੁੱਖ ਮਾਤਰ ਦੇ ਸਮੂਹ ਤਾਪ ਪਾਪ ਤੇ ਸੰਤਾਪ ਬਿਨਸ ਸਕਦੇ ਹਨ, ਕਲ-ਕਲੇਸ਼ਾਂ ਦਾ ਨਾਸ ਅਤੇ ਅੰਧਕਾਰ ਦਾ ਵਿਨਾਸ਼ ਹੋ ਸਕਦਾ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਬਾਕੀ ਧਰਮਾਂ ਦੇ ਸਤਿਕਾਰਿਤ ਗ੍ਰੰਥਾਂ ਵਿੱਚ ਇੱਕ ਵਿਸ਼ੇਸ਼ ਅੰਤਰ ਇਹ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਇਲਾਹੀ ਬਾਣੀ ਸਾਡੇ ਪਾਸ ਇੰਨ-ਬਿੰਨ ਉਸੇ ਰੂਪ ਵਿੱਚ ਮੌਜੂਦ ਹੈ ਜਿਵੇਂ ਇਸ ਨੂੰ ਗੁਰੂ ਸਾਹਿਬਾਨ ਅਤੇ ਭਗਤਾਂ ਜਾਂ ਭੱਟਾਂ ਨੇ ਉਚਾਰਣ ਕੀਤਾ ਸੀ, ਜਦਕਿ ਬਾਕੀ ਧਰਮ ਗ੍ਰੰਥਾਂ ਵਿੱਚ ਇਹ ਭਾਰੀ ਕਮੀ ਹੈ। ਹਜ਼ਰਤ ਈਸਾ, ਹਜ਼ਰਤ ਮੁਹੰਮਦ, ਹਜ਼ਰਤ ਮੂਸਾ, ਸ੍ਰੀ ਕ੍ਰਿਸ਼ਨ, ਮਹਾਤਮਾ ਬੁੱਧ ਆਦਿ ਪੈਗੰਬਰਾਂ ਦੇ ਕਲਾਮ ਨੂੰ ਉਨ੍ਹਾਂ ਤੋਂ ਬਹੁਤ ਦੇਰ ਪਿੱਛੋਂ ਉਨ੍ਹਾਂ ਦੇ ਸੇਵਕਾਂ ਸ਼ਰਧਾਲੂਆਂ ਨੇ ਲਿਖਤੀ ਰੂਪ ਦਿੱਤਾ।

ਇਲਾਹੀ ਬਾਣੀ ਦਾ ਸੰਗ੍ਰਹਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਜਿਸ ਨੂੰ ਸਿੱਖ ਜਗਤ ਨੇ ਗੁਰੂ ਦੀ ਆਗਿਆ ਅਨੁਸਾਰ ਗੁਰੂ ਦਾ ਦਰਜ਼ਾ ਦਿੱਤਾ ਹੈ ਅਤੇ ਰਹਿੰਦੀ ਦੁਨੀਆਂ ਤੱਕ ਗੁਰੂ ਜਾਣ ਕੇ ਪੂਜਦਾ ਅਤੇ ਅਗਵਾਈ ਲੈਂਦਾ ਰਹੇਗਾ, ਵਿੱਚ ਕੇਵਲ ਸਿੱਖ ਗੁਰੂ ਸਾਹਿਬਾਨ ਦੀ ਹੀ ਬਾਣੀ ਸ਼ਾਮਲ ਨਹੀਂ, ਜਿਵੇਂ ਕਿ ਆਮ ਸਮਝਿਆ ਜਾਂਦਾ ਹੈ, ਬਲਕਿ ਇਸ ਵਿੱਚ ਬਾਰ੍ਹਵੀਂ ਤੋਂ ਸੋਲ੍ਹਵੀਂ ਸਦੀ ਤੱਕ ਦੇ ਹੋਏ ਸਮੂਹ ਪ੍ਰਮੁੱਖ ਸੰਤਾਂ ਤੇ ਭਗਤਾਂ ਦੀ ਬਾਣੀ ਬਗੈਰ ਕਿਸੇ ਦੇਸ਼, ਜਾਤੀ, ਨਸਲੀ ਜਾਂ ਮਜ਼ਹਬੀ ਭਿੰਨ ਭੇਦ ਦੇ ਸ਼ਾਮਲ ਕੀਤੀ ਗਈ ਹੈ।

ਇਹ ਦੈਵੀ ਤੇ ਇਲਾਹੀ ਬਾਣੀ ਦੀ ਸੁਖੈਨਤਾ, ਸਪੱਸ਼ਟਤਾ, ਸੁਹਿਰਦਤਾ ਅਤੇ ਸਰੋਦੀ ਸੁਰ ਦਾ ਹੀ ਚਮਤਕਾਰ ਹੈ ਕਿ ਇਸ ਨੂੰ ਸੁਣ ਕੇ ਸੱਜਣ ਜਿਹੇ ਠੱਗਾਂ ਨੇ ਸੱਜਣਤਾਈ ਅਖਤਿਆਰ ਕਰ ਲਈ, ਵਲੀਆਂ ਦੇ ਵਲ ਛਲ ਨਿਕਲ ਗਏ, ਕੌਡੇ ਜਿਹੇ ਰਾਖਸ਼ਾਂ ਦੇ ਤਪਦੇ ਹਿਰਦੇ ਸ਼ਾਂਤ ਹੋ ਗਏ, ਬਾਬਰ ਜਿਹੇ ਜਾਬਰ ਸਾਬਰ ਬਣ ਗਏ, ਹਉਮੈ ਅਤੇ ਹੰਕਾਰ ਨਾਲ ਆਕੜੇ ਹੋਏ ਸਿੱਧ ਸਿੱਧੇ ਹੋ ਗਏ, ਮੱਕੇ ਤੇ ਮਜੌਰ ਮੰਨ ਗਏ, ਹਰਿਦਵਾਰ ਦੇ ਪੰਡਿਆਂ ਦੇ ਝੂਠੇ ਭਰਮ ਖੰਡੇ ਗਏ, ਬਗਦਾਦ ਦੇ ਪੀਰ ਦੀ ਹੰਗਤਾ ਤੀਰ ਹੋ ਗਈ, ਕੋਹੜੀਆਂ ਦੇ ਕੋਹੜ ਨਾਸ ਹੋ ਗਏ। ਦਲਿੱਦਰੀਆਂ ਦੇ ਦਰਦ ਕੱਟੇ ਗਏ, ਕੌੜੇ ਰੀਠਿਆਂ ਆਪਣੀ ਕੁੜੱਤਣ ਛੱਡ ਦਿੱਤੀ ਅਤੇ ਪੱਥਰ ਵੀ ਮੋਮ ਹੋ ਗਏ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਇਲਾਹੀ ਬਾਣੀ ਦੀ ਪ੍ਰਮਾਣਕਤਾ ਦਰਸਾਂਦਿਆਂ ਸਤਿਗੁਰਾਂ ਨੇ ਇਸ ਪ੍ਰਕਾਰ ਦੇ ਫੁਰਮਾਨ ਕੀਤੇ ਹੋਏ ਹਨ:

- ਧੁਰ ਕੀ ਬਾਣੀ ਆਈ॥ ਤਿਨਿ ਸਗਲੀ ਚਿੰਤ ਮਿਟਾਈ॥ (੬੨੮)

- ਪੋਥੀ ਪਰਮੇਸਰ ਕਾ ਥਾਨੁ॥ (੧੨੨੬)

- ਬਾਣੀ ਮੰਤ੍ਰੁ ਮਹਾ ਪੁਰਖਨ ਕੀ ਮਨਹਿ ਉਤਾਰਨ ਮਾਂਨ ਕਉ॥ (੧੨੦੮)

– ਬਾਣੀ ਗੁਰੂ ਗੁਰੂ ਹੈ ਬਾਣੀ ਵਿਚਿ ਬਾਣੀ ਅੰਮ੍ਰਿਤੁ ਸਾਰੇ॥
ਗੁਰੁ ਬਾਣੀ ਕਹੈ ਸੇਵਕੁ ਜਨੁ ਮਾਨੈ ਪਰਤਖਿ ਗੁਰੂ ਨਿਸਤਾਰੇ॥ (੯੮੨)

– ਸਤਿਗੁਰ ਕੀ ਬਾਣੀ ਸਤਿ ਸਰੂਪੁ ਹੈ ਗੁਰਬਾਣੀ ਬਣੀਐ॥ (੩੦੪)

– ਜੈਸੀ ਮੈ ਆਵੈ ਖਸਮ ਕੀ ਬਾਣੀ ਤੈਸੜਾ ਕਰੀ ਗਿਆਨੁ ਵੇ ਲਾਲੋ॥ (੭੨੨)

– ਹਉ ਆਪਹੁ ਬੋਲਿ ਨ ਜਾਣਦਾ ਮੈ ਕਹਿਆ ਸਭੁ ਹੁਕਮਾਉ ਜੀਉ॥ (੭੬੩)

– ਆਵਹੁ ਸਿਖ ਸਤਿਗੁਰੂ ਕੇ ਪਿਆਰਿਹੋ ਗਾਵਹੁ ਸਚੀ ਬਾਣੀ॥
ਬਾਣੀ ਤ ਗਾਵਹੁ ਗੁਰੂ ਕੇਰੀ ਬਾਣੀਆ ਸਿਰਿ ਬਾਣੀ॥
ਜਿਨ ਕਉ ਨਦਰਿ ਕਰਮੁ ਹੋਵੈ ਹਿਰਦੈ ਤਿਨਾ ਸਮਾਣੀ॥
ਪੀਵਹੁ ਅੰਮ੍ਰਿਤੁ ਸਦਾ ਰਹਹੁ ਹਰਿ ਰੰਗਿ ਜਪਿਹੁ ਸਾਰਿਗਪਾਣੀ॥
ਕਹੈ ਨਾਨਕੁ ਸਦਾ ਗਾਵਹੁ ਏਹ ਸਚੀ ਬਾਣੀ॥ (੯੨੦)

– ਅੰਮ੍ਰਿਤ ਬਾਣੀ ਹਰਿ ਹਰਿ ਤੇਰੀ॥ ਸੁਣਿ ਸੁਣਿ ਹੋਵੈ ਪਰਮ ਗਤਿ ਮੇਰੀ॥
ਜਲਨਿ ਬੁਝੀ ਸੀਤਲੁ ਹੋਇ ਮਨੂਆ ਸਤਿਗੁਰ ਕਾ ਦਰਸਨੁ ਪਾਏ ਜੀਉ॥ (੧੦੩)

– ਗੁਰੂ ਗੁਰੂ ਗੁਰੁ ਕਰਿ ਮਨ ਮੋਰ॥ ਗੁਰੂ ਬਿਨਾ ਮੈ ਨਾਹੀ ਹੋਰ॥
ਗੁਰ ਕੀ ਟੇਕ ਰਹਹੁ ਦਿਨੁ ਰਾਤਿ॥ ਜਾ ਕੀ ਕੋਇ ਨ ਮੇਟੈ ਦਾਤਿ॥ (੯੬੪)

– ਸੁਣਿ ਵਡਭਾਗੀਆ ਹਰਿ ਅੰਮ੍ਰਿਤ ਬਾਣੀ ਰਾਮ॥ ਜਿਨ ਕਉ ਕਰਮਿ ਲਿਖੀ ਤਿਸੁ ਰਿਦੈ ਸਮਾਣੀ ਰਾਮ॥
ਅਕਥ ਕਹਾਣੀ ਤਿਨੀ ਜਾਣੀ ਜਿਸੁ ਆਪਿ ਪ੍ਰਭੁ ਕਿਰਪਾ ਕਰੇ॥
ਅਮਰੁ ਥੀਆ ਫਿਰਿ ਨ ਮੂਆ ਕਲਿ ਕਲੇਸਾ ਦੁਖ ਹਰੇ॥
ਹਰਿ ਸਰਣਿ ਪਾਈ ਤਜਿ ਨ ਜਾਈ ਪ੍ਰਭ ਪ੍ਰੀਤਿ ਮਨਿ ਤਨਿ ਭਾਣੀ॥
ਬਿਨਵੰਤਿ ਨਾਨਕ ਸਦਾ ਗਾਈਐ ਪਵਿਤ੍ਰ ਅੰਮ੍ਰਿਤ ਬਾਣੀ॥ (੫੪੫)

– ਵਾਹੁ ਵਾਹੁ ਬਾਣੀ ਨਿਰੰਕਾਰ ਹੈ ਤਿਸੁ ਜੇਵਡੁ ਅਵਰੁ ਨ ਕੋਇ॥
ਵਾਹੁ ਵਾਹੁ ਅਗਮ ਅਥਾਹੁ ਹੈ ਵਾਹੁ ਵਾਹੁ ਸਚਾ ਸੋਇ॥
ਵਾਹੁ ਵਾਹੁ ਵੇਪਰਵਾਹੁ ਹੈ ਵਾਹੁ ਵਾਹੁ ਕਰੇ ਸੁ ਹੋਇ॥ ਵਾਹੁ ਵਾਹੁ ਅੰਮ੍ਰਿਤ ਨਾਮੁ ਹੈ ਗੁਰਮੁਖਿ ਪਾਵੈ ਕੋਇ॥
ਵਾਹੁ ਵਾਹੁ ਕਰਮੀ ਪਾਈਐ ਆਪਿ ਦਇਆ ਕਰਿ ਦੇਇ॥
ਨਾਨਕ ਵਾਹੁ ਵਾਹੁ ਗੁਰਮੁਖਿ ਪਾਈਐ ਅਨਦਿਨੁ ਨਾਮੁ ਲਏਇ॥ (੫੧੫)

– ਮਾਇਆ ਮੋਹੁ ਮੇਰੈ ਪ੍ਰਭਿ ਕੀਨਾ ਆਪੇ ਭਰਮਿ ਭੁਲਾਏ॥
ਮਨਮੁਖਿ ਕਰਮ ਕਰਹਿ ਨਹੀ ਬੂਝਹਿ ਬਿਰਥਾ ਜਨਮੁ ਗਵਾਏ॥
ਗੁਰਬਾਣੀ ਇਸੁ ਜਗ ਮਹਿ ਚਾਨਣੁ ਕਰਮਿ ਵਸੈ ਮਨਿ ਆਏ॥
ਮਨ ਰੇ ਨਾਮੁ ਜਪਹੁ ਸੁਖੁ ਹੋਇ॥ ਗੁਰੁ ਪੂਰਾ ਸਾਲਾਹੀਐ ਸਹਜਿ ਮਿਲੈ ਪ੍ਰਭੁ ਸੋਇ॥ਰਹਾਉ॥
ਨਾਮਾ ਛੀਬਾ ਕਬੀਰੁ ਜੋਲਾਹਾ ਪੂਰੇ ਗੁਰ ਤੇ ਗਤਿ ਪਾਈ॥ ਬ੍ਰਹਮ ਕੇ ਬੇਤੇ ਸਬਦੁ ਪਛਾਣਹਿ ਹਉਮੈ ਜਾਤਿ ਗਵਾਈ॥
ਸੁਰਿ ਨਰ ਤਿਨ ਕੀ ਬਾਣੀ ਗਾਵਹਿ ਕੋਇ ਨ ਮੇਟੈ ਭਾਈ॥ (੬੭)

– ਅੰਮ੍ਰਿਤ ਬਾਣੀ ਗੁਰ ਕੀ ਮੀਠੀ॥ ਗੁਰਮੁਖਿ ਵਿਰਲੈ ਕਿਨੈ ਚਖਿ ਡੀਠੀ॥
ਅੰਤਰਿ ਪਰਗਾਸੁ ਮਹਾ ਰਸੁ ਪੀਵੈ ਦਰਿ ਸਚੈ ਸਬਦੁ ਵਜਾਵਣਿਆ॥
ਹਉ ਵਾਰੀ ਜੀਉ ਵਾਰੀ ਗੁਰ ਚਰਣੀ ਚਿਤੁ ਲਾਵਣਿਆ॥
ਸਤਿਗੁਰੁ ਹੈ ਅੰਮ੍ਰਿਤ ਸਰੁ ਸਾਚਾ ਮਨੁ ਨਾਵੈ ਮੈਲੁ ਚੁਕਾਵਣਿਆ॥ਰਹਾਉ॥

ਤੇਰਾ ਸਚੇ ਕਿਨੈ ਅੰਤੁ ਨ ਪਾਇਆ॥ ਗੁਰ ਪਰਸਾਦਿ ਕਿਨੈ ਵਿਰਲੈ ਚਿਤੁ ਲਾਇਆ॥
ਤੁਧੁ ਸਾਲਾਹਿ ਨ ਰਜਾ ਕਬਹੂੰ ਸਚੇ ਨਾਵੈ ਕੀ ਭੁਖ ਲਾਵਣਿਆ॥
ਏਕੋ ਵੇਖਾ ਅਵਰੁ ਨ ਬੀਆ॥ ਗੁਰ ਪਰਸਾਦੀ ਅੰਮ੍ਰਿਤੁ ਪੀਆ॥
ਗੁਰ ਕੈ ਸਬਦਿ ਤਿਖਾ ਨਿਵਾਰੀ ਸਹਜੇ ਸੂਖਿ ਸਮਾਵਣਿਆ॥ (੧੧੩)

– ਵਾਹੁ ਵਾਹੁ ਪੂਰੇ ਗੁਰ ਕੀ ਬਾਣੀ॥ ਪੂਰੇ ਗੁਰ ਤੇ ਉਪਜੀ ਸਾਚਿ ਸਮਾਣੀ॥ (੭੫੪)

– ਵਡਾ ਤੇਰਾ ਦਰਬਾਰੁ ਸਚਾ ਤੁਧੁ ਤਖਤੁ॥ ਸਿਰਿ ਸਾਹਾ ਪਾਤਿਸਾਹੁ ਨਿਹਚਲੁ ਚਉਰੁ ਛਤੁ॥
ਜੋ ਭਾਵੈ ਪਾਰਬ੍ਰਹਮ ਸੋਈ ਸਚੁ ਨਿਆਉ॥ ਜੇ ਭਾਵੈ ਪਾਰਬ੍ਰਹਮ ਨਿਥਾਵੇ ਮਿਲੈ ਥਾਉ॥
ਜੋ ਕੀਨ੍ਹੀ ਕਰਤਾਰਿ ਸਾਈ ਭਲੀ ਗਲ॥ ਜਿਨ੍ਹੀ ਪਛਾਤਾ ਖਸਮੁ ਸੇ ਦਰਗਾਹ ਮਲ॥
ਸਹੀ ਤੇਰਾ ਫੁਰਮਾਨੁ ਕਿਨੈ ਨ ਫੇਰੀਐ॥ ਕਾਰਣ ਕਰਣ ਕਰੀਮ ਕੁਦਰਤਿ ਤੇਰੀਐ॥ (੯੬੪)

– ਸਭੇ ਵਸਤੂ ਕਉੜੀਆ ਸਚੇ ਨਾਉ ਮਿਠਾ॥ ਸਾਦੁ ਆਇਆ ਤਿਨ ਹਰਿ ਜਨਾਂ ਚਖਿ ਸਾਧੀ ਡਿਠਾ॥
ਪਾਰਬ੍ਰਹਮਿ ਜਿਸੁ ਲਿਖਿਆ ਮਨਿ ਤਿਸੈ ਵੁਠਾ॥ ਇਕੁ ਨਿਰੰਜਨੁ ਰਵਿ ਰਹਿਆ ਭਾਉ ਦੁਯਾ ਕੁਠਾ॥
ਹਰਿ ਨਾਨਕੁ ਮੰਗੈ ਜੋੜਿ ਕਰ ਪ੍ਰਭੁ ਦੇਵੈ ਤੁਠਾ॥ (੩੨੧)

– ਸਜਣੁ ਸਚਾ ਪਾਤਿਸਾਹੁ ਸਿਰਿ ਸਾਹਾਂ ਦੈ ਸਾਹੁ॥ ਜਿਸੁ ਪਾਸਿ ਬਹਿਠਿਆ ਸੋਹੀਐ ਸਭਨਾਂ ਦਾ ਵੇਸਾਹੁ॥(੧੪੨੬)

– ਅੰਦਰਿ ਸਚਾ ਨੇਹੁ ਲਾਇਆ ਪ੍ਰੀਤਮ ਆਪਣੈ॥ ਤਨੁ ਮਨੁ ਹੋਇ ਨਿਹਾਲੁ ਜਾ ਗੁਰੁ ਦੇਖਾ ਸਾਮ੍ਹਣੇ॥ (੭੫੮)

– ਸਾਚ ਪਦਾਰਥੁ ਗੁਰਮੁਖਿ ਲਹਹੁ॥ ਪ੍ਰਭ ਕਾ ਭਾਣਾ ਸਤਿ ਕਰਿ ਸਹਹੁ॥
ਜੀਵਤ ਜੀਵਤ ਜੀਵਤ ਰਹਹੁ॥ ਰਾਮ ਰਸਾਇਣੁ ਨਿਤ ਉਠਿ ਪੀਵਹੁ॥
ਹਰਿ ਹਰਿ ਹਰਿ ਹਰਿ ਰਸਨਾ ਕਹਹੁ॥ਰਹਾਉ॥
ਕਲਿਜੁਗ ਮਹਿ ਇਕ ਨਾਮਿ ਉਧਾਰੁ॥ ਨਾਨਕੁ ਬੋਲੈ ਬ੍ਰਹਮ ਬੀਚਾਰੁ॥ (੧੧੩੮)

– ਗੁਰ ਕੀ ਮੂਰਤਿ ਮਨ ਮਹਿ ਧਿਆਨੁ॥ ਗੁਰ ਕੈ ਸਬਦਿ ਮੰਤ੍ਰੁ ਮਨੁ ਮਾਨ॥
ਗੁਰ ਕੇ ਚਰਨ ਰਿਦੈ ਲੈ ਧਾਰਉ॥ ਗੁਰੁ ਪਾਰਬ੍ਰਹਮੁ ਸਦਾ ਨਮਸਕਾਰਉ॥
ਮਤ ਕੋ ਭਰਮਿ ਭੁਲੈ ਸੰਸਾਰਿ॥ ਗੁਰ ਬਿਨੁ ਕੋਇ ਨ ਉਤਰਸਿ ਪਾਰਿ॥ਰਹਾਉ॥ (੯੬੪)

– ਭਿੰਨੀ ਰੈਣਿ ਚਮਕਿਆ ਵੁਠਾ ਛਹਬਰ ਲਾਇ॥ਜਿਤੁ ਵੁਠੈ ਅਨੁ ਧਨੁ ਬਹੁਤੁ ਊਪਜੈ ਜਾਂ ਸਹੁ ਕਰੇ ਰਜਾਇ॥
ਜਿਤੁ ਖਾਧੈ ਮਨੁ ਤ੍ਰਿਪਤੀਐ ਜੀਆਂ ਜੁਗਤਿ ਸਮਾਇ॥ ਇਹੁ ਧਨੁ ਕਰਤੇ ਕਾ ਖੇਲੁ ਹੈ ਕਦੇ ਆਵੈ ਕਦੇ ਜਾਇ॥
ਗਿਆਨੀਆ ਕਾ ਧਨੁ ਨਾਮੁ ਹੈ ਸਦ ਹੀ ਰਹੈ ਸਮਾਇ॥
ਨਾਨਕ ਜਿਨ ਕਉ ਨਦਰਿ ਕਰੇ ਤਾਂ ਇਹੁ ਧਨੁ ਪਲੈ ਪਾਇ॥ (੧੨੮੨)

– ਘਰ ਹੀ ਮਹਿ ਅੰਮ੍ਰਿਤੁ ਭਰਪੂਰੁ ਹੈ ਮਨਮੁਖਾ ਸਾਦੁ ਨ ਪਾਇਆ॥
ਜਿਉ ਕਸਤੂਰੀ ਮਿਰਗੁ ਨ ਜਾਣੈ ਭ੍ਰਮਦਾ ਭਰਮਿ ਭੁਲਾਇਆ॥
ਅੰਮ੍ਰਿਤੁ ਤਜਿ ਬਿਖੁ ਸੰਗ੍ਰਹੈ ਕਰਤੈ ਆਪਿ ਖੁਆਇਆ॥
ਗੁਰਮੁਖਿ ਵਿਰਲੇ ਸੋਝੀ ਪਈ ਤਿਨਾ ਅੰਦਰਿ ਬ੍ਰਹਮੁ ਦਿਖਾਇਆ॥
ਤਨੁ ਮਨੁ ਸੀਤਲੁ ਹੋਇਆ ਰਸਨਾ ਹਰਿ ਸਾਦੁ ਆਇਆ॥
ਸਬਦੇ ਹੀ ਨਾਉ ਊਪਜੈ ਸਬਦੇ ਮੇਲਿ ਮਿਲਾਇਆ॥
ਬਿਨੁ ਸਬਦੈ ਸਭੁ ਜਗੁ ਬਉਰਾਨਾ ਬਿਰਥਾ ਜਨਮੁ ਗਵਾਇਆ॥
ਅੰਮ੍ਰਿਤੁ ਏਕੋ ਸਬਦੁ ਹੈ ਨਾਨਕ ਗੁਰਮੁਖਿ ਪਾਇਆ॥ (੬੪੪)

– ਸਭ ਕਿਛੁ ਘਰ ਮਹਿ ਬਾਹਰਿ ਨਾਹੀ॥ ਬਾਹਰਿ ਟੋਲੈ ਸੋ ਭਰਮਿ ਭੁਲਾਹੀ॥
ਗੁਰ ਪਰਸਾਦੀ ਜਿਨੀ ਅੰਤਰਿ ਪਾਇਆ ਸੋ ਅੰਤਰਿ ਬਾਹਰਿ ਸੁਹੇਲਾ ਜੀਉ॥
ਝਿਮਿ ਝਿਮਿ ਵਰਸੈ ਅੰਮ੍ਰਿਤ ਧਾਰਾ॥ ਮਨੁ ਪੀਵੈ ਸੁਨਿ ਸਬਦੁ ਬੀਚਾਰਾ॥
ਅਨਦ ਬਿਨੋਦ ਕਰੇ ਦਿਨ ਰਾਤੀ ਸਦਾ ਸਦਾ ਹਰਿ ਕੇਲਾ ਜੀਉ॥
ਜਨਮ ਜਨਮ ਕਾ ਵਿਛੁੜਿਆ ਮਿਲਿਆ॥ ਸਾਧ ਕ੍ਰਿਪਾ ਤੇ ਸੂਕਾ ਹਰਿਆ॥
ਸੁਮਤਿ ਪਾਏ ਨਾਮੁ ਧਿਆਏ ਗੁਰਮੁਖਿ ਹੋਏ ਮੇਲਾ ਜੀਉ॥
ਜਲ ਤਰੰਗੁ ਜਿਉ ਜਲਹਿ ਸਮਾਇਆ॥ ਤਿਉ ਜੋਤੀ ਸੰਗਿ ਜੋਤਿ ਮਿਲਾਇਆ॥
ਕਹੁ ਨਾਨਕ ਭ੍ਰਮ ਕਟੇ ਕਿਵਾੜਾ ਬਹੁੜਿ ਨ ਹੋਈਐ ਜਉਲਾ ਜੀਉ॥ (੧੦੨)

– ਗੁਰੁ ਮੇਰੀ ਪੂਜਾ ਗੁਰੁ ਗੋਬਿੰਦੁ॥ ਗੁਰੁ ਮੇਰਾ ਪਾਰਬ੍ਰਹਮੁ ਗੁਰੁ ਭਗਵੰਤੁ॥
ਗੁਰੁ ਮੇਰਾ ਦੇਉ ਅਲਖ ਅਭੇਉ॥ ਸਰਬ ਪੂਜ ਚਰਨ ਗੁਰ ਸੇਉ॥
ਗੁਰ ਬਿਨੁ ਅਵਰੁ ਨਾਹੀ ਮੈ ਥਾਉ॥ ਅਨਦਿਨੁ ਜਪਉ ਗੁਰੂ ਗੁਰ ਨਾਉ॥ਰਹਾਉ॥
ਗੁਰੁ ਮੇਰਾ ਗਿਆਨੁ ਗੁਰੁ ਰਿਦੈ ਧਿਆਨੁ॥ ਗੁਰੁ ਗੋਪਾਲੁ ਪੁਰਖੁ ਭਗਵਾਨੁ॥
ਗੁਰ ਕੀ ਸਰਣਿ ਰਹਉ ਕਰ ਜੋਰਿ॥ ਗੁਰੂ ਬਿਨਾ ਮੈ ਨਾਹੀ ਹੋਰੁ॥
ਗੁਰੁ ਬੋਹਿਥੁ ਤਾਰੇ ਭਵ ਪਾਰਿ॥ ਗੁਰ ਸੇਵਾ ਜਮ ਤੇ ਛੁਟਕਾਰਿ॥
ਅੰਧਕਾਰ ਮਹਿ ਗੁਰ ਮੰਤ੍ਰੁ ਉਜਾਰਾ॥ ਗੁਰ ਕੈ ਸੰਗਿ ਸਗਲ ਨਿਸਤਾਰਾ॥
ਗੁਰੁ ਪੂਰਾ ਪਾਈਐ ਵਡਭਾਗੀ॥ ਗੁਰ ਕੀ ਸੇਵਾ ਦੂਖੁ ਨ ਲਾਗੀ॥
ਗੁਰ ਕਾ ਸਬਦੁ ਨ ਮੇਟੈ ਕੋਇ॥ ਗੁਰੁ ਨਾਨਕੁ ਨਾਨਕੁ ਹਰਿ ਸੋਇ॥ (੮੬੪)

– ਸਤਿਗੁਰ ਬਾਣੀ ਪੁਰਖੁ ਪੁਰਖੋਤਮ ਬਾਣੀ ਸਿਉ ਚਿਤੁ ਲਾਵੈਗੋ॥
ਗੁਰਬਾਣੀ ਸੁਨਤ ਮੇਰਾ ਮਨੁ ਦ੍ਰਵਿਆ ਮਨੁ ਭੀਨਾ ਨਿਜ ਘਰਿ ਆਵੈਗੋ॥
ਤਹ ਅਨਹਤ ਧੁਨੀ ਬਾਜਹਿ ਨਿਤ ਬਾਜੇ ਨੀਝਰ ਧਾਰ ਚੁਆਵੈਗੋ॥
ਰਾਮ ਨਾਮੁ ਇਕੁ ਤਿਲ ਤਿਲ ਗਾਵੈ ਮਨੁ ਗੁਰਮਤਿ ਨਾਮਿ ਸਮਾਵੈਗੋ॥ (੧੩੦੮)

– ਸਤਿਗੁਰੁ ਸੇਵੀਐ ਆਪਣਾ ਪਾਈਐ ਨਾਮੁ ਅਪਾਰੁ ॥ਭਉਜਲਿ ਡੁਬਦਿਆ ਕਢਿ ਲਏ ਹਰਿ ਦਾਤਿ ਕਰੇ ਦਾਤਾਰੁ॥
ਧੰਨੁ ਧੰਨੁ ਸੇ ਸਾਹ ਹੈ ਜਿ ਨਾਮਿ ਕਰਹਿ ਵਾਪਾਰੁ॥ ਵਣਜਾਰੇ ਸਿਖ ਆਵਦੇ ਸਬਦਿ ਲਘਾਵਣਹਾਰੁ॥
ਜਨ ਨਾਨਕ ਜਿਨ ਕਉ ਕ੍ਰਿਪਾ ਭਈ ਤਿਨ ਸੇਵਿਆ ਸਿਰਜਣਹਾਰੁ॥ (੩੧੩)

– ਦੂਖ ਰੋਗ ਸੰਤਾਪ ਉਤਰੇ ਸੁਣੀ ਸਚੀ ਬਾਣੀ॥ ਸੰਤ ਸਾਜਨ ਭਏ ਸਰਸੇ ਪੂਰੇ ਗੁਰ ਤੇ ਜਾਣੀ॥ (੯੨੨)

– ਅੰਮ੍ਰਿਤ ਬਾਣੀ ਸਤਿਗੁਰ ਪੂਰੇ ਕੀ ਜਿਸੁ ਕਿਰਪਾਲੁ ਹੋਵੈ ਤਿਸੁ ਰਿਦੈ ਵਸੇਹਾ॥ (੯੬੧)

– ਰਤਨਾ ਰਤਨ ਪਦਾਰਥ ਬਹੁ ਸਾਗਰੁ ਭਰਿਆ ਰਾਮ॥ਬਾਣੀ ਗੁਰਬਾਣੀ ਲਾਗੇ ਤਿਨ੍ ਹਥਿ ਚੜਿਆ ਰਾਮ॥(੪੪੨)

– ਸਤਿਗੁਰ ਕੀ ਬਾਣੀ ਸਤਿ ਸਰੂਪੁ ਹੈ ਗੁਰਬਾਣੀ ਬਣੀਐ॥
ਸਤਿਗੁਰ ਕੀ ਰੀਸੈ ਹੋਰਿ ਕਚੁ ਪਿਚੁ ਬੋਲਦੇ ਸੇ ਕੂੜਿਆਰ ਕੂੜੇ ਝੜਿ ਪੜੀਐ॥ (੩੦੪)

– ਅਨਹਦ ਬਾਣੀ ਪੂੰਜੀ॥ ਸੰਤਨ ਹਥਿ ਰਾਖੀ ਕੂੰਜੀ॥ (੮੯੩)

– ਗੁਰ ਪੂਰੇ ਕੀ ਬਾਣੀ॥ ਪਾਰਬ੍ਰਹਮ ਮਨਿ ਭਾਣੀ॥ ਨਾਨਕ ਦਾਸਿ ਵਖਾਣੀ॥ ਨਿਰਮਲ ਅਕਥ ਕਹਾਣੀ॥ (੬੨੯)

– ਹਮ ਧਨਵੰਤ ਭਾਗਠ ਸਚ ਨਾਇ॥ ਹਰਿ ਗੁਣ ਗਾਵਹ ਸਹਜਿ ਸੁਭਾਇ॥ਰਹਾਉ॥
ਪੀਊ ਦਾਦੇ ਕਾ ਖੋਲਿ ਡਿਠਾ ਖਜਾਨਾ॥ ਤਾ ਮੇਰੈ ਮਨਿ ਭਇਆ ਨਿਧਾਨਾ॥

ਰਤਨ ਲਾਲ ਜਾ ਕਾ ਕਛੂ ਨ ਮੋਲੁ॥ ਭਰੇ ਭੰਡਾਰ ਅਖੂਟ ਅਤੋਲ॥
ਖਾਵਹਿ ਖਰਚਹਿ ਰਲਿ ਮਿਲਿ ਭਾਈ॥ ਤੋਟਿ ਨ ਆਵੈ ਵਧਦੋ ਜਾਈ॥ (੧੮੫)

– ਥਾਲ ਵਿਚਿ ਤਿੰਨਿ ਵਸਤੂ ਪਈਓ ਸਤੁ ਸੰਤੋਖੁ ਵੀਚਾਰੋ॥
ਅੰਮ੍ਰਿਤ ਨਾਮੁ ਠਾਕੁਰ ਕਾ ਪਇਓ ਜਿਸ ਕਾ ਸਭਸੁ ਅਧਾਰੋ॥
ਜੇ ਕੋ ਖਾਵੈ ਜੇ ਕੋ ਭੁੰਚੈ ਤਿਸ ਕਾ ਹੋਇ ਉਧਾਰੋ॥ ਏਹ ਵਸਤੁ ਤਜੀ ਨਹ ਜਾਈ ਨਿਤ ਨਿਤ ਰਖੁ ਉਰਿ ਧਾਰੋ॥
ਤਮ ਸੰਸਾਰੁ ਚਰਨ ਲਗਿ ਤਰੀਐ ਸਭੁ ਨਾਨਕ ਬ੍ਰਹਮ ਪਸਾਰੋ॥ (੧੪੨੯)

– ਹਰਿ ਹਰਿ ਨਾਮੁ ਜਪੰਤਿਆ ਕਛੂ ਨ ਕਹੈ ਜਮਕਾਲੁ॥ ਨਾਨਕ ਮਨੁ ਤਨੁ ਸੁਖੀ ਹੋਇ ਅੰਤੇ ਮਿਲੈ ਗੋਪਾਲੁ॥(੪੫੭)

– ਭਾਂਡਾ ਧੋਇ ਬੈਸਿ ਧੂਪੁ ਦੇਵਹੁ ਤਉ ਦੂਧੈ ਕਉ ਜਾਵਹੁ॥
ਦੂਧੁ ਕਰਮ ਫੁਨਿ ਸੁਰਤਿ ਸਮਾਇਨੁ ਹੋਇ ਨਿਰਾਸ ਜਮਾਵਹੁ॥
ਜਪਹੁ ਤ ਏਕੋ ਨਾਮਾ॥ ਅਵਰਿ ਨਿਰਾਫਲ ਕਾਮਾ॥ (੭੨੮)

ਭਾਈ ਗੁਰਦਾਸ ਜੀ

– ਦੇਵੀ ਦੇਵ ਦੇਵਾਧਿ ਦੇਵ ਅਲਖ ਅਭੇਵ ਨ ਅਲਖੁ ਲਖਾਇਆ॥
ਸਤਿ ਰੂਪੁ ਸਤਿਨਾਮੁ ਕਰਿ ਸਤਿਗੁਰ ਨਾਨਕ ਦੇਉ ਜਪਾਇਆ॥
ਧਰਮਸਾਲ ਕਰਤਾਰ ਪੁਰੁ ਸਾਧਸੰਗਤਿ ਸਚਖੰਡ ਵਸਾਇਆ॥
ਵਾਹਿਗੁਰੂ ਗੁਰ ਸਬਦੁ ਸੁਣਾਇਆ॥ (੨੪, ੧)

– ਸਬਦ ਸੁਰਤਿ ਕਰ ਕੀਰਤਨੁ ਸਤਿਸੰਗਿ ਵਿਲੋਈ॥
ਵਾਹਿਗੁਰੂ ਗੁਰ ਮੰਤ੍ਰ ਹੈ ਜਪਿ ਹਉਮੈ ਖੋਈ॥ਆਪੁ ਗਵਾਏ ਆਪਿ ਹੈ ਗੁਣ ਗੁਣੀ ਪਰੋਈ॥ (੧੩, ੨)

– ਸਬਦੁ ਗੁਰੂ ਗੁਰੁ ਜਾਣੀਐ ਗੁਰਮੁਖਿ ਹੋਇ ਸੁਰਤਿ ਧੁਨਿ ਚੇਲਾ॥
ਸਾਧਸੰਗਤਿ ਸਚ ਖੰਡ ਵਿਚਿ ਪ੍ਰੇਮ ਭਗਤਿ ਪਰਚੈ ਹੋਇ ਮੇਲਾ॥ (੭, ੨੦)

– ਸਤਿਗੁਰ ਨਾਨਕ ਦੇਉ ਹੈ ਪਰਮੇਸਰੁ ਸੋਈ॥ਗੁਰੂ ਅੰਗਦੁ ਗੁਰੁ ਅੰਗ ਤੇ ਜੋਤੀ ਜੋਤਿ ਸਮੋਈ॥
ਅਮਰਾਪਦ ਗੁਰੁ ਅੰਗਦਹੁੰ ਹੁਇ ਜਾਣੁ ਜਣੋਈ॥ਗੁਰੁ ਅਮਰਹੁੰ ਗੁਰੂ ਰਾਮਦਾਸ ਅੰਮ੍ਰਿਤ ਰਸੁ ਭੋਈ॥
ਰਾਮਦਾਸਹੁੰ ਅਰਜਨ ਗੁਰੂ ਗੁਰੁ ਸਬਦ ਸਥੋਈ॥ ਹਰਿਗੋਵਿੰਦ ਗੁਰੁ ਅਰਜਨਹੁੰ ਗੁਰੁ ਗੋਵਿੰਦ ਹੋਈ॥
ਗੁਰਮੁਖ ਸੁਖ ਫਲ ਪਿਰਮ ਰਸ ਸਤਿਸੰਗ ਅਲੋਈ॥ਗੁਰੁ ਗੋਵਿੰਦਹੁੰ ਬਾਹਿਰਾ ਦੂਜਾ ਨਹੀਂ ਕੋਈ॥ (੩੮, ੨੦)

– ਜੁਗਿ ਗਰਦੀ ਜਬ ਹੋਵਹੇ ਉਲਟੇ ਜੁਗੁ ਕਿਆ ਹੋਇ ਵਰਤਾਰਾ॥
ਉਠੇ ਗਿਲਾਨਿ ਜਗਤਿ ਵਿਚਿ ਵਰਤੇ ਪਾਪ ਕ੍ਰਿਸਟਿ ਸੰਸਾਰਾ॥
ਵਰਨਾਵਰਨ ਨ ਭਾਵਨੀ ਖਹਿ ਖਹਿ ਜਲਨ ਬਾਂਸ ਅੰਗਿਆਰਾ॥
ਨਿੰਦਿਆ ਚਲੇ ਵੇਦ ਕੀ ਸਮਝਨਿ ਨਹਿ ਅਗਿਆਨਿ ਗੁਬਾਰਾ॥
ਬੇਦ ਗਿਰੰਥ ਗੁਰ ਹਟਿ ਹੈ ਜਿਸੁ ਲਗਿ ਭਵਜਲ ਪਾਰਿ ਉਤਾਰਾ॥
ਸਤਿਗੁਰ ਬਾਝੁ ਨ ਬੁਝੀਐ ਜਿਚਰੁ ਧਰੇ ਨ ਪ੍ਰਭੁ ਅਵਤਾਰਾ॥
ਗੁਰ ਪਰਮੇਸਰੁ ਇਕੁ ਹੈ ਸਚਾ ਸਾਹੁ ਜਗਤੁ ਬਣਜਾਰਾ॥ਚੜੈ ਸੂਰ ਮਿਟਿ ਜਾਇ ਅੰਧਾਰਾ॥ (੧, ੧੭)

– ਸਤਿਗੁਰੁ ਵਡਾ ਆਖੀਐ ਵਡੇ ਕੀ ਵਡੀ ਵਡਿਆਈ॥
ਓਅੰਕਾਰਿ ਅਕਾਰੁ ਕਰਿ ਲਖ ਦਰੀਆਉ ਨ ਕੀਮਤਿ ਪਾਈ॥

ਇਕ ਵਰਭੰਡੁ ਅਖੰਡੁ ਹੈ ਜੀਅ ਜੰਤ ਕਰਿ ਰਿਜਕੁ ਦਿਵਾਈ॥
ਲੂੰਅ ਲੂੰਅ ਵਿਚਿ ਰਖਿਓਨੁ ਕਰਿ ਵਰਭੰਡ ਕਰੋੜਿ ਸਮਾਈ॥
ਕੇਵਡੁ ਵਡਾ ਆਖੀਐ ਕਵਣ ਥਾਉ ਕਿਸੁ ਪੁਛਾ ਜਾਈ॥
ਅਪੜਿ ਕੋਇ ਨ ਹੰਘਈ ਸੁਣਿ ਸੁਣਿ ਆਖਣ ਆਖਿ ਸੁਣਾਈ॥
ਸਤਿਗੁਰੁ ਮੂਰਤਿ ਪਰਗਟੀ ਆਈ॥ (੨੬, ੫)

– ਜੈਸੇ ਤੋ ਸਕਲ ਨਿਧਿ ਪੂਰਨ ਸਮੁੰਦ੍ਰ ਬਿਖੈ ਹੰਸ ਮਰਜੀਵਾ ਨਿਹਚੈ ਪ੍ਰਸਾਦੁ ਪਾਵਈ॥
ਜੈਸੇ ਪਰਬਤਿ ਹੀਰਾ ਮਾਨਿਕ ਪਾਰਸਿ ਸਿਧ ਖਨਵਾਰਾ ਖਨਿ ਜਗਿ ਵਿਖੇ ਪ੍ਰਗਟਾਵਈ॥
ਜੈਸੇ ਬਨ ਬਿਖੈ ਮਲਿਆਗਰ ਸੌਧਾ ਕਪੂਰ ਸੋਧ ਕੈ ਸੁਬਾਸੀ ਸੁਬਾਸ ਬਿਹਸਾਵਈ॥
ਤੈਸੇ ਗੁਰਬਾਨੀ ਬਿਖੈ ਸਕਲ ਪਦਾਰਥ ਹੈ ਜੋਈ ਜੋਈ ਖੋਜੈ ਸੋਈ ਸੋਈ ਨਿਪਜਾਵਈ॥ (ਕਬਿਤ ੫੪੬)